ਨੰ SED-EDU303/11/2025-3EDU3 I/1018963/2025

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,

**Maxim Merry School,**

**Jhungian Road, Dashmesh Nagar, Kharar, Mohali.**

**ਮਿਤੀ, ਚੰਡੀਗੜ੍ਹ:** 27.01.2025

ਵਿਸ਼ਾ:- **Maxim Merry School ਨੂੰ ਸੀਬੀਐਸਈ ਬੋਰਡ ਨਾਲ ਐਫੀਲੀਏਸ਼ਨ ਲੈਣ ਲਈ** ਬਾਰਵੀਂ **ਪੱਧਰ ਤੱਕ ਦਾ ਇਤਰਾਜਹੀਣਤਾ ਸਰਟੀਫਿਕੇਟ (ਐਨ.ਓ.ਸੀ.) ਅਤੇ ਮਾਨਤਾ ਜਾਰੀ ਕਰਨ ਸਬੰਧੀ।**

******

ਉਪਰਕੋਤ ਵਿਸ਼ੇ ਤੇ ਆਪ ਵੱਲੋਂ ਪੋਰਟਲ ਤੇ ਐਪਲੀਕੇਸ਼ਨ ਨੰ. 58F310528C ਰਾਹੀਂ ਅਪਲਾਈ ਕੀਤੇ ਕੇਸ ਦੇ ਹਵਾਲੇ ਵਿੱਚ।

1. ਇਹ ਇਤਰਾਜਹੀਣਤਾ ਸਰਟੀਫਿਕੇਟ ਸਕੂਲ ਪ੍ਰਬੰਧਨ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ, ਜਿਲ੍ਹਾ ਪੱਧਰੀ ਕਮੇਟੀ ਦੀ ਨਿਰੀਖਣ ਰਿਪੋਰਟ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਐਸ ਏ ਐਸ ਨਗਰ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀ ਸਿਫਾਰਸ਼ਾਂ ਸਨਮੁੱਖ ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ 6 ਤਹਿਤ ਜਾਰੀ ਕੀਤਾ ਜਾਂਦਾ ਹੈ।

2. ਸਕੂਲ ਪ੍ਰਬੰਧਨ ਹੇਠ ਲਿਖਿਆਂ ਸ਼ਰਤਾਂ ਦੀ ਪਾਲਣਾ ਕਰਨ ਲਈ ਪਾਬੰਦ ਹੋਵੇਗਾ:-

ੳ) ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਵੱਲੋਂ ਜਾਰੀ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ 2011, ਪੰਜਾਬ ਰੈਗੁਲੇਸ਼ਨ ਆਫ ਫੀ ਆਫ ਅਨਏਡਿਡ ਐਜੂਕੇਸ਼ਨਲ ਇੰਨਸਟੀਟਿਊਸ਼ਨਜ਼ ਐਕਟ 2016 ਅਤੇ ਵਿਭਾਗ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਸਬੰਧਤ ਹਦਾਇਤਾਂ ਦੀ ਇੰਨ-ਬਿਨ ਪਾਲਣਾ।

ਅ) ਸਕੂਲ ਵਿੱਚ ਪੰਜਾਬੀ ਵਿਸ਼ਾ ਲਾਜ਼ਮੀ ਤੌਰ ਤੇ ਪੜ੍ਹਾਉਣਾ।

ੲ) ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਈਰ ਸੇਫਟੀ ਸਰਟੀਫਿਕੇਟ, ਪੀਣਯੋਗ ਪਾਣੀ ਦਾ ਸਰਟੀਫਿਕੇਟ ਅਤੇ ਹੋਰ ਲੋੜੀਂਦੇ ਇਤਰਾਜਹੀਣਤਾ ਸਰਟੀਫਿਕੇਟ ਸਮੇਂ ਸਿਰ ਰਿਨਿਊ ਕਰਵਾਉਣਾ।

ਸ) ਸਕੂਲ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਦੀ ਬੇਸਿਕ ਪੇਅ +ਗ੍ਰੇਡ ਪੇਅ ਦੇ ਆਧਾਰ ਤੇ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ/ਆਨ-ਲਾਈਨ ਟਰਾਂਸਫਰ ਕਰਨਾ।

ਹ) ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦਾ ਸਕੂਲ ਦੇ ਨਿਰੀਖਣ ਦੌਰਾਨ ਸਹਿਯੋਗ ਕਰਨਾ। ਸਹਿਯੋਗ ਨਾ ਕਰਨ ਦੀ ਸੁਰਤ ਵਿੱਚ ਸਕੂਲ ਵਿਭਾਗ ਵਲੋਂ ਜਾਰੀ ਕੀਤੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ ਨੰ. 8 ਵਿੱਚ ਕੀਤੇ ਦੰਡ ਉਪਬੰਧਾਂ ਦਾ ਪਾਤਰ ਹੋਵੇਗਾ।

ਕ) ਮਾਨਯੋਗ ਹਾਈ ਕੋਰਟ ਵੱਲੋਂ ਰਿਟ ਪਟੀਸ਼ਨ ਨੰ. 17967 ਆਫ 2022 ਵਿੱਚ ਕੀਤੇ ਹੁਕਮ ਮਿਤੀ 17.08.2022 ਦੀ ਰੌਸ਼ਨੀ ਵਿੱਚ ਅਤੇ ਭਵਿੱਖ ਵਿੱਚ ਜੋ ਫੈਸਲਾ ਸੁਣਾਇਆ ਜਾਵੇਗਾ, ਉਹ ਸਕੂਲ ਨੂੰ ਇਤਰਾਜਹੀਣਤਾ ਸਰਟੀਫਿਕੇਟ ਮਿਲਣ ਦੀ ਮਿਤੀ ਤੋਂ ਲਾਗੂ ਹੋਵੇਗਾ।

4. ਉਪਰੋਕਤ ਦਰਸਾਈਆਂ ਸ਼ਰਤਾਂ ਦੀ ਉਲੰਘਣਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

**ਉਪ ਸਕੱਤਰ, ਸਕੂਲ ਸਿੱਖਿਆ**

**ਪਿੱ:ਅੰ:ਨੰ**. SED-EDU303/11/2025-3EDU3 I/1018963/2025/1-3 ਮਿਤੀ ,**ਚੰਡੀਗੜ੍ਹ** 27.01.2025

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ), ਪੰਜਾਬ, ਮੋਹਾਲੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਵਿਸ਼ਾ ਅੰਕਿਤ ਸਕੂਲ ਦਾ ਨਿਯਮਤ ਨਿਰੀਖਣ ਹਰ ਹਾਲਤ ਵਿੱਚ ਕਰਵਾਇਆ ਜਾਵੇ ਅਤੇ ਨਿਰੀਖਣ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਐਸ.ਏ.ਐਸ ਨਗਰ ।
3. ਇੰਚਾਰਜ਼, ਮੈਨੇਜਮੈਂਟ ਇੰਨਫਾਰਮੇਸ਼ਨ ਸਿਸਟਮ (ਐਮ.ਆਈ.ਐਸ) ਨੂੰ ਪੋਰਟਲ ਤੇ ਕੇਸ ਦਾ ਸਟੇਟਸ ਅਪਡੇਟ ਕਰਨ ਸਬੰਧੀ ਲਿਖਿਆ ਜਾਂਦਾ ਹੈ।

**ਉਪ ਸਕੱਤਰ, ਸਕੂਲ ਸਿੱਖਿਆ**